**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਬਲਰਾਮ ਸਿੰਘ ਪਰਹਾਰ, ਪੁੱਤਰ ਸ੍ਰੀ ਰਾਮ ਰੱਖਾ ਮੋ: 94634-54469
ਵਾਸੀ ਪਿੰਡ ਅਤੇ ਡਾਕਖਾਨਾ ਕਰਨਾਨਾ,
ਤਹਿਸੀਲ: ਨਵਾਂਸਹਿਰ। ---------- ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਡਿਪਟੀ ਕਮਿਸ਼ਨਰ ਕਮ ਜਿਲਾ ਅਲੈਕਸ਼ਨ ਅਫਸਰ,
ਸ਼ਹੀਦ ਭਗਤ ਸਿੰਘ ਨਗਰ।

ਪਹਿਲੀ ਅਪੀਲੀ ਅਥਾਰਟੀ, ਦਫਤਰ ਡਿਪਟੀ ਕਮਿਸ਼ਨਰ ,
ਸ਼ਹੀਦ ਭਗਤ ਸਿੰਘ ਨਗਰ। --------- ਉੱਤਰਦਾਤਾ

**ਅਪੀਲ ਕੇਸ ਨੰ: 3725/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਾਜ ਕੁਮਾਰ, ਸੁਪਰਡੰਟ, ਦਫਤਰ ਏ.ਡੀ.ਸੀ. ਨਵਾਂ ਸਹਿਰ

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-06-2019, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ ਕਮ ਜਿਲਾ ਅਲੈਕਸ਼ਨ ਅਫਸਰ,ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ੍ਰੀ ਯੁਧਵੀਰ ਸਿੰਘ ਵਲੋਂ ਬਤੌਰ ਸਰਪੰਚ ਪਿੰਡ ਕਰਨਾਨਾ,ਸ਼ਹੀਦ ਭਗਤ ਸਿੰਘ ਨਗਰ ਵਲੋਂ ਨੋਮੀਨੇਸ਼ਨ ਪੇਪਰ ਸਬੰਧੀ ਅਰਜੀ ਮਿਤੀ 15-06-2019 ਜ਼ੋ ਪੰਜਾਬ ਰਾਜ ਅਲੈਕਸ਼ਨ ਕਮਿਸ਼ਨਰ ਚੰਡੀਗੜ੍ਹ ਨੂੰ ਭੇਜੀ ਗਈ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 26-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2 ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹ਼ੀਂ ਹੋਇਆ । ਪਰ ਉਸ ਵਲੋਂ ਈ.ਮੇਲ ਮਿਤੀ 26-11-2019 ਰਾਹੀਂ ਸੂਚਿਤ ਕੀਤਾ ਗਿਆ ਕਿ ਵਿਭਾਗ ਵਲੋਂ ਉਸਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ। ਇਸ ਲਈ ਇਹ ਅਪੀਲ ਕੇਸ ਫਾਇਲ ਕਰ ਦਿੱਤਾ ਜਾਵੇ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3\. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਾਜ ਕੁਮਾਰ, ਸੁਪਰਡੰਟ, ਦਫਤਰ ਏ.ਡੀ.ਸੀ. ਨਵਾਂ ਸਹਿਰ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ ਜਿਸਦੀ ਪੁਸਟੀ ਵਜੋਂ ਅਪੀਲਕਰਤਾ ਵਲੋਂ ਦਿਤੀ ਗਈ ਰਸੀਦ ਪੇਸ਼ ਕੀਤੀ ਗਈ । ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4\. ਉੱਤਰਦਾਤਾ ਵਲੋਂ ਸ੍ਰੀ ਰਾਜ ਕੁਮਾਰ, ਸੁਪਰਡੰਟ ਹਾਜ਼ਰ ਹੋਇਆ ਉਸ ਵਲੋਂ ਪੇਸ਼ ਕੀਤੀ ਗਈ ਰਸੀਦ ਅਨੁਸਾਰ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ ਜਿਸ ਸਬੰਧੀ ਉਸ ਵਲੋਂ ਦਸਿਆ ਗਿਆ ਕਿ ਉਸਨੂੰ ਮੁਕੰਮਲ ਸੂਚਨਾ ਪ੍ਰਾਪਤ ਹੋ ਗਈ ਹੈ। ਅਪੀਲਕਰਤਾ ਵਲੋਂ ਵੀ ਈ.ਮੇਲ. ਰਾਹੀਂ ਦਸਿਆ ਗਿਆ ਕਿ ਉਸਨੂੰ ਅਪੀਲਕਰਤਾ ਵਲੋਂ ਸੂਚਨਾ ਦੇ ਦਿੱਤੀ ਗਈ ਹੈ ਅਤੇ ਦਿੱਤੀ ਗਈ ਸੂਚਨਾ ਤੋ ਸੰਤੁਸ਼ਟ ਹੈ । ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 26 ਨਵੰਬਰ , 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਵਰੁਨ ਖੰਨਾ, ਮੋ: 93562-42125
ਪਹਿਲੀ ਮੰਜਿਲ, ਨੰ: 13, ਮਹਾਜਨ ਮਾਰਕਿਟ ਗੱਲੀ ਅਚਰਜਨ,
ਨੇੜੇ ਕਾਰਮੋਂ ਡਿਓੜੀ, ਅੰਮ੍ਰਿਤਸਰ ---------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ, ਦਫਤਰ ਡਵਿਜ਼ਨਲ ਕਮਿਸ਼ਨਰ ਕਮ ਚੇਅਰਪਰਸਨ,
ਫੀ ਰੈਗੁਲੇਟਰੀ ਕਮੇਟੀ, ਜਲੰਧਰ।

ਪਹਿਲੀ ਅਪੀਲੀ ਅਥਾਰਟੀ ਦਫਤਰ
ਡਵਿਜ਼ਨਲ ਕਮਿਸ਼ਨਰ ਕਮ ਚੇਅਰਪਰਸਨ,
ਫੀ ਰੈਗੁਲੇਟਰੀ ਬੋਡੀ ਫਾਰ ਰੈਗੁਲੇਟਿੰਗ ਫੀ
ਆਫ ਅਨਏਡਡ ਐਜੂਕੇਸ਼ਨਸ਼ਨ ਸੰਸਥਾ, ਜਲੰਧਰ ----------- ਉੱਤਰਦਾਤਾ

**ਅਪੀਲ ਕੇਸ ਨੰ: 3733/2019**

**ਹਾਜ਼ਰ:-**

1) ਅਪੀਲਕਰਤਾ ਵਲੋਂ. ਸ੍ਰੀ ਵਰੁਨ ਖੰਨਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਲੱਕੀ ਭਾਟੀਆ, ਸੀਨੀਅਰ ਸਹਾਇਕ (98764-86918)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-06-2019, ਲੋਕ ਸੂਚਨਾ ਅਧਿਕਾਰੀ ਦਫਤਰ ਡਵਿਜ਼ਨਲ ਕਮਿਸ਼ਨਰ ਕਮ ਚੇਅਰਪਰਸਨ, ਫੀ ਰੈਗੁਲੇਟਰੀ ਕਮੇਟੀ, ਜਲੰਧਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਪਰਿੰਗ ਡੇਲ ਸੀਨੀਅਰ ਸਕੂਲ ਦੇ ਵਿਰੁੱਧ ਪਾਈ ਸ਼ਿਕਾਇਤ ਨਾਲ ਸਬੰਧਤ 07 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 26-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਵਰੁਨ ਖੰਨਾ ਅੱਜ ਪੇਸ਼ੀ ਤੇ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਉੱਤਰਦਾਤਾ ਵਲੋਂ 1.1/2 ਸਾਲ ਬਾਅਦ ਕਿਹਾ ਜਾ ਰਿਹਾ ਹੈ ਕਿ ਇੰਨਕੁਆਰੀ ਚਲ ਰਹੀ ਹੈ ਅਤੇ 110 ਦਿਨਾਂ ਬਾਅਦ ਕਿਹਾ ਜਾ ਰਿਹਾ ਹੈ ਕਿ ਪੈਸੇ ਜਮ੍ਹਾਂ ਕਰਵਾਏ ਜਾਣ ਤਾਂ ਜ਼ੋ ਸੂਚਨਾ ਦਿੱਤੀ ਜਾ ਸਕੇ। ਇਸ ਤੋਂ ਇਲਾਵਾ ਦੂਜੇ ਨੁਕਤਿਆਂ ਸਬੰਧੀ ਵੀ ਉੱਤਰਦਾਤਾ ਵਲੋਂ ਕੋਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।ਇਸ ਸਬੰਧ ਵਿਚ ਉਸ ਵਲੋਂ ਈ.ਮੇਲ ਮਿਤੀ 23-11-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਕਿ ਉਸ ਵਲੋਂ ਮਿਤੀ 25-06-2019 ਨੂੰ ਆਰ.ਟੀ.ਆਈ. ਅਧੀਨ ਅਰਜੀ ਦਿੱਤੀ ਸੀ ਜਿਸਦਾ 30 ਦਿਨਾਂ ਦੇ ਅੰਦਰ ਕੋਈ ਉੱਤਰ ਨਹੀਂ ਦਿੱਤਾ ਗਿਆ, ਜਿਸ ਉਪਰੰਤ ਮਿਤੀ 25-07-2019 ਨੂੰ ਪਹਿਲੀ ਅਪੀਲ ਦਾਇਰ ਕੀਤੀ ਗਈ । 35 ਦਿਨਾਂ ਬਾਅਦ ਮਿਤੀ 30-07-2019 ਨੂੰ ਉੱਤਰ ਦਿੱਤਾ ਅਤੇ ਲੋਕ ਸੂਚਨਾ ਅਧਿਕਾਰੀ ਵਲੋਂ ਸੈਕਸ਼ਨ 8(ਐਚ) ਦਾ ਹਵਾਲਾ ਦਿੰਦੇ ਹੋਏ ਇੰਨਕਾਰ ਕੀਤਾ ਗਿਆ। ਜਿਸ ਉਪਰੰਤ ਉਸ ਵਲੋਂ ਦੂਜੀ ਅਪੀਲ ਕਮਿਸ਼ਨ ਪਾਸ ਦਾਇਰ ਕੀਤੀ ਗਈ। ਮਿਤੀ 14-10-2019 ਨੂੰ ਰੁ: 626/- ਜਮ੍ਹਾਂ ਕਰਾਉਣ ਲਈ ਲਿਖਿਆ ਜਾ ਰਿਹਾ ਹੈ। ਉਸ ਵਲੋਂ ਇਕ ਵਖਰੇ ਕੇਸ ਦਾ ਹਵਾਲਾ ਦਿੰਦੇ ਹੋਏ ਲਿਖਿਆ ਗਿਆ ਕਿ ਧਾਰਾ 20(1) ਤਹਿਤ ਕਾਰਵਾਈ ਕੀਤੀ ਜਾਵੇ। ਇਸ ਦੇ ਨਾਲ ਹੀ ਨੁਕਤਾਵਾਰ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਲੱਕੀ ਭਾਟੀਆ, ਸੀਨੀਅਰ ਸਹਾਇਕ ਪੇਸ਼ੀ ਤੇ ਹਾਜ਼ਰ ਹੋਇਆ। ਉਸ ਵਲੋਂ ਲੋਕ ਸੂਚਨਾ ਅਫਸਰ ਦਾ ਪੱਤਰ ਨੰ: ਪੀ.ਏ.-2019/4589 ਮਿਤੀ 23-07-2019 ਪੇਸ਼ ਕੀਤਾ ਗਿਆ ਜਿਸ ਰਾਹੀਂ ਦਸਿਆ ਗਿਆ ਕਿ ਉਸਦੀ ਅਰਜੀ ਮਿਤੀ 24-06-2019 ਰਾਹੀ ਦਿੱਤੀ ਸ਼ਿਕਾਇਤ ਸਬੰਧੀ ਇੰਨਕੁਆਰੀ ਚਲ ਰਹੀ ਹੈ, ਇਸ ਲਈ ਆਰ.ਟੀ.ਐਕਟ 2005 ਦੀ ਧਾਰਾ 8(ਐਚ) ਅਧੀਨ ਸੂਚਨਾ ਨਹੀਂ ਦਿੱਤੀ ਜਾ ਸਕਦੀ। ਇਸ ਉਪਰੰਤ ਪੱਤਰ ਨੰ: ਪੀ.ਏ./2019/6162 ਮਿਤੀ 10-10-2019 ਰਾਹੀਂ ਅਪੀਲਕਰਤਾ ਨੂੰ ਰੁ: 626/- ਜਮ੍ਹਾਂ ਕਰਾਉਣ ਲਈ ਲਿਖਿਆ ਗਿਆ। ਇਸ ਉਪਰੰਤ ਪੱਤਰ ਨੰ: ਪੀ.ਏ.-2019/7110 ਮਿਤੀ 22-11-2019 ਰਾਹੀਂ ਕਮਿਸ਼ਨ ਨੂੰ ਉਕੱਤ ਲਿਖੇ ਗਏ ਪੱਤਰਾਂ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 3733/2019

ਅਤੇ ਦਿੱਤੀ ਗਈ ਸੂਚਨਾ ਸਬੰਧੀ ਸੂਚਿਤ ਕਰਦੇ ਹੋਏ ਦਸਿਆ ਗਿਆ ਕਿ ਅਪੀਲਕਰਤਾ ਨੂੰ ਲੋੜੀਂਦੀ ਫੀਸ ਜਮ੍ਹਾਂ ਕਰਵਾ ਕੇ ਸੂਚਨਾ ਲੈਣ ਲਈ ਲਿਖ ਦਿੱਤਾ ਗਿਆ ਹੈ। ਪੱਤਰ ਮਿਸਲ ਤੇ ਰੱਖ ਲਏ ਗਏ ਹਨ।

4. ਦੋਨਾਂ ਧਿਰਾਂ ਅਜ ਪੇਸ਼ੀ ਤੇ ਹਾਜ਼ਰ ਹੋਈਆਂ। ਉਨ੍ਹਾਂ ਵਲੋਂ ਦਿੱਤੀਆਂ ਗਈਆਂ ਦਲੀਲਾਂ ਅਤੇ ਪੇਸ਼ ਕੀਤੇ ਗਏ ਪੱਤਰਾਂ ਰਾਹੀਂ ਨੂੰ (ਜਿਨ੍ਹਾਂ ਦਾ ਵੇਰਵਾ ਉਪੱਰ ਦਿੱਤਾ ਗਿਆ ਹੈ) ਘੋਖਣ ਤੇ ਪਾਇਆ ਗਿਆ ਕਿ ਅਪੀਲਕਰਤਾ ਵਲੋਂ ਅਰਜੀ ਮਿਤੀ 25-06-2019 ਨੂੰ ਪਾਈ ਗਈ ਸੀ, ਮੰਗੀ ਗਈ ਸੂਚਨਾ ਦੇ ਨੁਕਤਾ ਨੰ: 1 ਦੇ ਸਬੰਧ ਵਿਚ ਉੱਤਰਦਾਤਾ ਵਲੋਂ ਮਿਥੇ ਸਮੇਂ ਅਦਰ ਮਿਤੀ 23-07-2019 ਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਸੀ ਅਤੇ ਮੁੜ ਪੱਤਰ ਮਿਤੀ 10-10-2019 ਨੂੰ ਲਿਖਿਆ ਗਿਆ ਕਿ ਪੜਤਾਲ ਮੁਕੰਮਲ ਹੋ ਗਈ ਹੈ, 313 ਪੰਨੇ ਹਨ ਸੂਚਨਾ ਲੈਣ ਲਈ ਰੁ: 626/- ਜਮਾਂ ਕਰਾਵਾਏ ਜਾਣ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇਗੀ। ਅਪੀਲਕਰਤਾ ਵਲੋਂ ਕਮਿਸ਼ਨ ਨੂੰ ਦਸਿਆ ਗਿਆ ਕਿ ਪਹਿਲਾਂ 1.1/2 ਸਾਲ ਸੂਚਨਾ ਨਹੀ਼ ਦਿੱਤੀ ਅਤੇ ਹੁਣ ਉਨ੍ਹਾਂ ਵਲੋਂ 4 ਮਹੀਨੇ ਬਾਅਦ ਉਸ ਪਾਸੋਂ ਪੈਸੇ ਦੀ ਮੰਗ ਕੀਤੀ ਜਾ ਰਹੀ ਹੈ ਜ਼ੋ 30 ਦਿਨਾਂ ਬਾਅਦ ਨਹੀ਼ ਮੰਗੇ ਜਾ ਸਕਦੇ ਅਤੇ ਨਾਲ ਹੀ ਕਿਹਾ ਗਿਆ ਕਿ ਪਹਿਲੀ ਨੁਕਤੇ ਦੇ ਮਾਮਲੇ ਵਿਚ ਠੀਕ ਪੱਤਰਵਿਹਾਰ ਕਰਦੇ ਰਹੇ ਪਰ ਉਸਦੇ ਬਾਕੀ ਨੁਕਤਿਆਂ ਨਾਲ ਸਬੰਧਤ ਸੂਚਨਾ ਨਹੀਂ ਦਿੱਤੀ ਗਈ। ਸਾਰੇ ਰਿਕਾਰਡ ਨੂੰ ਵੇਖਣ ਤੇ ਇਹ ਵੀ ਪਾਇਆ ਗਿਆ ਕਿ ਇਸ ਮਾਮਲੇ ਵਿਚ ਸਟੇਟਸ ਰਿਪੋਰਟ ਨਾਲ ਸੂਚਨਾ ਮੁਕੰਮਲ ਹੋ ਜਾਂਦੀ ਹੈ, ਇਸ ਮਾਮਲੇ ਵਿਚ ਠੀਕ ਪੱਤਰ ਵਿਹਾਰ ਕੀਤਾ ਗਿਆ ਹੈ ਪਰ ਦੂਜੇ ਨੁਕਤਿਆਂ ਸਬੰਧੀ ਉੱਤਰ ਨਹੀਂ ਦਿੱਤਾ ਗਿਆ ਇਹ ਪੀ.ਆਈ.ਓ. ਦੀ ਗਲਤੀ ਹੈ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਬਿਨਾਂ ਕੋਈ ਪੈਸਾ ਲਏ ਬਾਕੀ ਰਹਿੰਦੇ ਨੁਕਤਿਆਂ ਸਬੰਧੀ 10 ਦਿਨਾਂ ਦੇ ਅੰਦਰ ਅੰਦਰ ਰਜਿਸਟਰਡ ਡਾਕ ਰਾਹੀ਼ ਜਵਾਬ ਭੇਜ਼ ਦਿੱਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ **ਸੁਣਵਾਈ ਲਈ ਮਿਤੀ 21-01-2020 ਨੂੰ ਸਵੇਰੇ 11:30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 26 **ਨਵੰਬਰ ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀਮਤੀ ਗੁਰਬੀਰ ਕੌਰ ਪਤਨੀ ਸ੍ਰੀ ਹਰਚੰਦ ਸਿੰਘ, ਮੋ: 98156-33001
ਵਾਸੀ ਪਿੰਡ ਘਰਿਆਲੀ ਦਾਸੂਵਾਲ,
ਤਹਿਸੀਲ ਪੱਟੀ, ਜਿਲ੍ਹਾ ਤਰਨਤਾਰਨ। ------- ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਓਂਕਾਰ ਫਾਰਮੇਸੀ ਕਾਲਜ਼, ਪਿੰਡ ਸਜੁਮਾ,
ਤਹਿਸੀਲ ਭਵਾਨੀਗੜ੍ਹ, ਜਿਲਾ ਸੰਗਰੂਰ। ---------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 876/2019**

**ਹਾਜ਼ਰ:-**

1) ਅਪੀਲਕਰਤਾ ਸ੍ਰੀਮਤੀ ਗੁਰਬੀਰ ਕੌਰ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰੋਹਿਤ ਪ੍ਰਿੰਸੀਪਲ (99154-78278)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2019, ਲੋਕ ਸੂਚਨਾ ਅਧਿਕਾਰੀ ਦਫਤਰ ਓਂਕਾਰ ਫਾਰਮੇਸੀ ਕਾਲਜ਼, ਪਿੰਡ ਸਜੁਮਾ,ਤਹਿਸੀਲ ਭਵਾਨੀਗੜ੍ਹ, ਜਿਲਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਰਜਿਸ੍ਰੀ ਗੁਰਦਿਆਲ ਸਿੰਘ ਪੁੱਤਰ ਜਗਤਾਰ ਸਿੰਘ ਵਾਸੀ ਪਿੰਡ ਘਰਿਆਲੀ ਦਾਸੂਵਾਲ ਤਹਿਸੀਲ ਪੱਟੀ ਜਿਲ੍ਹਾ ਤਰਨ ਤਾਰਨ, ਜਿਸਨੇ ਓਂਕਾਰ ਫਾਰਮੇਸੀ ਕਾਲਜ਼, ਪਿੰਡ ਸਜੁਮਾ,ਤਹਿਸੀਲ ਭਵਾਨੀਗੜ੍ਹ, ਜਿਲਾ ਸੰਗਰੂਰ ਤੋ ਫਾਰਮੈਸੀ (ਸਾਲ 2001 ਤੋਂ 2012 ਤੱਕ) ਕੀਤੀ ਸੀ ਫਾਰਮੈਸੀ ਕਰਨ ਤੋਂ ਪਹਿਲਾਂ ਜ਼ੋ ਵੀ ਸਕੂਲ ਸਰਟੀਫਿਕੇਟ ਪੇਸ਼ ਕੀਤੇ ਸਨ ਦੀਆਂ ਕਾਪੀਆਂ ਆਦਿ ਨਾਲ ਸਬੰਧਤ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-10-2019 ਨੂੰ ਕਮਿਸ੍ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 26-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀਮਤੀ ਗੁਰਬੀਰ ਕੌਰ ਅੱਜ ਪੇਸ਼ੀ ਤੇ ਹਾਜ਼ਰ ਹੋਈ। ਉਸ ਵਲੋਂ ਦਸਿਆ ਗਿਆ ਕਿ ਉਸਨੂੰ ਮੰਗੀ ਗਈ ਸੂਚਨਾ ਅੱਜੇ ਤੱਕ ਨਹੀਂ ਦਿੱਤੀ ਗਈ । ਉਸ ਵਲੋਂ ਸ੍ਰੀ ਗੁਰਦਿਆਲ ਸਿੰਘ ਦੇ ਸਰਟੀਫਿਕੇਟ ਸਬੰਧੀ ਸੂਚਨਾ ਮੰਗੀ ਗਈ ਸੀ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰੋਹਿਤ ਪ੍ਰਿੰਸੀਪਲ ਹਾਜ਼ਰ ਹੋਏ ਉਨ੍ਹਾਂ ਵਲੋਂ ਆਪਣਾ ਪੱਤਰ ਨੰ: 1490-91 ਮਿਤੀ 13-11-2019 ਪੇਸ਼ ਕੀਤਾ ਗਿਆ ਜ਼ੋ ਕਿ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਉਤਾਰਾ ਸ੍ਰੀਮਤੀ ਗੁਰਬੀਰ ਕੋਰ ਸ਼ਿਕਾਇਤਕਰਤਾ ਨੂੰ ਕੀਤਾ ਗਿਆ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਦੋਨਾਂ ਧਿਰਾਂ ਵਲੋਂ ਪੇਸ਼ ਕੀਤੀਆਂ ਗਈਆਂ ਦਲੀਲਾਂ ਅਤੇ ਉੱਤਰਦਾਤਾ ਵਲੋਂ ਪੇਸ਼ ਕੀਤੇ ਗਏ ਉਕਤ ਪਤਰ ਰਾਹੀਂ ਦਸਿਆ ਗਿਆ ਕਿ ਉਨ੍ਹਾਂ ਦੇ ਕਾਲਜ਼ ਨੂੰ ਸਰਕਾਰ ਜਾਂ ਕਿਸੇ ਹੋਰ ਸਰਕਾਰੀ ਅਦਾਰੇ ਵਲੋਂ ਕੋਈ ਗਰਾਂਟ ਜਾਂ ਵਿੱਤੀ ਸਹਾਇਤਾ ਨਹੀਂ ਦਿੱਤੀ ਜਾਂਦੀ , ਇਸ ਲਈ ਆਰ.ਟੀ.ਆਈ. ਐਕਟ, 2005 ਦੀ ਧਾਰਾ 2(ਐਚ) ਅਧੀਨ ਕਵਰ ਨਹੀਂ ਹੁੰਦਾ ।ਇਸ ਤੋਂ ਇਲਾਵਾ ਇਹ ਤੀਜੀ ਧਿਰ ਦੇ ਸਰਟੀਫਿਕੇਟ ਦੀ ਮੰਗ ਕੀਤੀ ਗਈ ਹੈ ਜ਼ੋ ਕਿ ਉਸਨੂੰ ਨਹੀਂ ਦਿੱਤੇ ਜਾ ਸਕਦੇ। ਇਸ ਲਈ ਇਸ ਸ਼ਿਕਾਇਤ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 26 ਨਵੰਬਰ , 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਗੁਰਦੀਪ ਸਿੰਘ 9815027043
215 ਅਜੀਤ ਨਗਰ ਸੁਲਤਾਨਵਿੰਡ ਰੋਡ ਅੰਮ੍ਰਿਤਸਰ।ਪਿੰਨ 143001 ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ ਫਰਮਜ ਐਂਡ ਸੋਸਾਇਟੀਜ ਪੰਜਾਬ,ਚੰਡੀਗੜ।

ਪਹਿਲੀ ਅਪੀਲੀ ਸੂਚਨਾ,
ਦਫਤਰ ਰਜਿਸਟਰਾਰ ਫਰਮਜ ਐਂਡ ਸੋਸਾਇਟੀਜ ਪੰਜਾਬ,ਚੰਡੀਗੜ। -------ਉੱਤਰਦਾਤਾ

**ਅਪੀਲ ਕੇਸ ਨੰ: 3613/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਮਰਜੀਤ ਸਿੰਘ, ਸੁਪਰਡੰਟ ਅਤੇ ਦਲਬੀਰ ਸਿੰਘ ਕਲਰਕ (98550-74811)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-04-2019, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ ਫਰਮਜ ਐਂਡ ਸੋਸਾਇਟੀਜ ਪੰਜਾਬ,ਚੰਡੀਗੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਰਜਿਸਟਰਾਰ ਆਫ ਫਰਮਜ਼ ਤੋਂ ਚੀਫ ਖਾਲਸਾ ਦੀਵਾਨ ਚੈਰੀਟੇਬਲ ਸੋਸਾਇਟੀ ਸ੍ਰੀ ਅੰਮ੍ਰਿਤਸਰ ਦੇ ਬਾਰੇ ਸੋਸਾਈਟੀ ਦੀਆਂ ਆਡਟ ਰਿਪੋਰਟਾਂ ਸਾਲ 2014 ਤੋ. 2019 ਤੱਕ ਦੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 26-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਮਿਤੀ 05-11-2019 ਦੋਰਾਨ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਨਾ ਹਾਜ਼ਰ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਮਰਜੀਤ ਸਿੰਘ, ਸੁਪਰਡੰਟ ਅਤੇ ਦਲਬੀਰ ਸਿੰਘ ਕਲਰਕ ਹਾਜ਼ਰ ਹੋਏ। ਉਨ੍ਹਾਂ ਵਲੋਂ ਪੱਤਰ ਮੀਮੋ ਨੰ: ਰਫਸ/ਅਪੀਲ ਨੰ: 3613-14/2019/4102 ਮਿਤੀ 04-11-2019 ਪੇਸ਼ ਕੀਤਾ ਗਿਆ ਜੋ ਸ੍ਰੀ ਗੁਰਦੀਪ ਸਿੰਘ, ਅਪੀਲਕਰਤਾ ਨੂੰ ਸੰਬੋਧਤ ਸੀ ਅਤੇ ਕਾਪੀ ਕਮਿਸ਼ਨ ਨੂੰ ਕੀਤੀ ਗਈ ਸੀ। ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉੱਤਰਦਾਤਾ ਵਲੋਂ ਦਿੱਤੀ ਗਈ ਸੂਚਨਾ ਵਿਚ ਪਾਈਆਂ ਤਰੁੱਟੀਆਂ ਸਬੰਧੀ ਪੱਤਰ ਉੱਤਰਦਾਤਾ ਨੂੰ ਸਿੱਧੇ ਤੌਰ ਤੇ ਰਜਿਸਟਰਡ ਡਾਕ ਰਾਹੀਂ ਭੇਜਿਆ ਜਾਵੇ ਅਤੇ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵਲੋਂ ਦਸੀਆਂ ਗਈਆਂ ਤਰੁੱਟੀਆਂ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਦੂਰ ਕਰਦੇ ਹੋਏ ਅਪੀਲਕਰਤਾ ਨੂੰ ਸੂਚਿਤ ਕੀਤਾ ਜਾਵੇ ਅਤੇ ਕਮਿਸ਼ਨ ਨੂੰ ਕਾਪੀ ਭੇਜੀ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 26-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ. ਮਿਤੀ 26-11-2019 , 11-54 ਵਜੇ ਸਵੇਰੇ ਭੇਜੀ ਗਈ। ਜਿਸ ਰਾਹੀਂ ਉਸ ਵਲੋਂ ਕੋਈ ਤਰੁੱਟੀ ਨਹੀਂ ਦਸੀ ਗਈ ਕੇਵਲ ਆਪਣੀ ਤਕਲੀਫ ਦੇ ਨਾਲ ਨਾਲ ਦਸਿਆ ਗਿਆ ਹੈ ਕਿ ਉਨ੍ਹਾਂ ਨੂੰ ਉੱਤਰਦਾਤਾ ਦੇ ਪੱਤਰ ਮਿਤੀ 04-11-2019 ਰਾਹੀਂ ਜ਼ੋ ਸੂਚਨਾ ਪ੍ਰਾਪਤ ਹੋਈ ਹੈ ਉਸ ਤੋਂ ਇਲਾਵਾ ਹੋਰ ਕੋਈ ਸੂਚਨਾ ਨਹੀਂ ਮਿਲੀ ਅਤੇ ਜ਼ੋ ਉੱਤਰ ਦਿੱਤਾ ਹੈ ਉਹ ਐਫੀਡੇਵਿਟ ਜ਼ੋ ਨੋਟਰੀ ਦਾ ਅਟੈਸਟ ਹੋਵੇ ਰਾਹੀਂ ਦੇਣ ਦੀ ਖੇਚਲ ਕਰਨ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਮਰਜੀਤ ਸਿੰਘ, ਸੁਪਰਡੰਟ ਅਤੇ ਦਲਬੀਰ ਸਿੰਘ ਕਲਰਕ ਹਾਜ਼ਰ ਹੋਏ। ਉਨ੍ਹਾਂ ਵਲੋਂ ਪੱਤਰ ਮੀਮੋ ਨੰ: ਰਫ5/ ਸਪੈਸ਼ਲ -। ਮਿਤੀ 26-11-2019 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸਬੋਧਤ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ।ਉਸ ਵਲੋਂ ਈ.ਮੇਲ. ਪ੍ਰਾਪਤ ਹੋਈ ਜਿਸ ਰਾਹੀਂ ਉਸ ਵਲੋਂ ਉੱਤਰਦਾਤਾ ਦੇ ਪੱਤਰ ਮਿਤੀ 04-11-2019 ਦੀ ਪ੍ਰਾਪਤੀ ਦੀ ਪੁਸ਼ਟੀ ਕੀਤੀ ਗਈ ਹੈ, ਜ਼ੋ ਉੱਤਰਦਾਤਾ ਦੇ ਨੁਮਾਇੰਦਿਆਂ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 3613/2019**

ਵਲੋਂ ਪੱਤਰ ਮੀਮੋ ਨੰ: ਰਫਸ/ਅਪੀਲ ਨੰ: 3613-14/2019/4102 ਮਿਤੀ 04-11-2019 ਪੇਸ਼ ਕੀਤਾ ਗਿਆ ਸੀ ਜਿਸ ਅਨੁਸਾਰ ਅਪੀਲਕਰਤਾ ਨੂੰ ਸੂਚਨਾ ਭੇਜੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦਿਆਂ ਵਲੋਂ ਪੱਤਰ ਮੀਮੋ ਨੰ: ਰਫ5/ ਸਪੈਸ਼ਲ -। ਮਿਤੀ 26-11-2019 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸਬੋਧਤ ਹੈ ਰਾਹੀ਼ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਕੋਈ ਤਰੁੱਟੀਆਂ ਪ੍ਰਾਪਤ ਨਹੀ਼ ਹੋਈਆਂ। ਕਮਿਸ਼ਨ ਨੂੰ ਵੀ ਅਪੀਲਕਰਤਾ ਵਲੋਂ ਪ੍ਰਾਪਤ ਉੱਤਰ ਦੇ ਸਬੰਧ ਵਿਚ ਕੋਈ ਤਰੁੱਟੀਆਂ ਨਹੀਂ ਭੇਜੀ ਆਂ ਗਈਆਂ ਕੇਵਲ ਉਕਤੱ ਈ.ਮੇਲ ਰਾਹੀਂ ਦਿੱਤੀ ਗਈ ਸੂਚਨਾ ਦੇ ਸਬੰਧ ਵਿਚ ਐਫਿਡੈਵਟ ਦੀ ਮੰਗ ਕੀਤੀ ਗਈ ਹੈ। ਇਹ ਤਰੁੱਟੀਆਂ ਵਿਚ ਸ਼ਾਮਲ ਨਹੀਂ ਹੁੰਦਾ। ਇਸ ਲਈ ਕਮਿਸ਼ਨ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਤੋਂ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 26 ਨਵੰਬਰ , 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਗੁਰਦੀਪ ਸਿੰਘ 9815027043
215 ਅਜੀਤ ਨਗਰ ਸੁਲਤਾਨਵਿੰਡ ਰੋਡ,
ਅੰਮ੍ਰਿਤਸਰ।ਪਿੰਨ 143001 ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ ਫਰਮਜ ਐਂਡ ਸੋਸਾਇਟੀਜ ਪੰਜਾਬ,ਚੰਡੀਗੜ।

ਪਹਿਲੀ ਅਪੀਲੀ ਸੂਚਨਾ,
ਦਫਤਰ ਰਜਿਸਟਰਾਰ ਫਰਮਜ ਐਂਡ ਸੋਸਾਇਟੀਜ ਪੰਜਾਬ,ਚੰਡੀਗੜ। -------ਉੱਤਰਦਾਤਾ

**ਅਪੀਲ ਕੇਸ ਨੰ: 3614/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਮਰਜੀਤ ਸਿੰਘ, ਸੁਪਰਡੰਟ ਅਤੇ ਦਲਬੀਰ ਸਿੰਘ ਕਲਰਕ (98550-74811)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-04-2019, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ ਫਰਮਜ ਐਂਡ ਸੋਸਾਇਟੀਜ ਪੰਜਾਬ,ਚੰਡੀਗੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਰਜਿਸਟਰਾਰ ਆਫ ਫਰਮਜ ਤੋਂ ਚੀਫ ਖਾਲਸਾ ਦਿਵਾਨ ਚੈਰੀਟੇਬਲ ਸੋਸਾਇਟੀ ਸ੍ਰੀ ਅੰਮ੍ਰਿਤਸਰ ਦੇ ਬਾਰੇ ਉਸਦੀ ਰਜਿਸਟਰੇਸ਼ਨ, ਰਜਿਸਟਰੇਸ਼ਨ ਸਰਟੀਫਿਕੇਟ ਅਤੇ ਸੋਸਾਈਟੀ ਵਲੋਂ ਫਾਈਲ ਕੀਤੀਆਂ ਆਡਿਟ ਰਿਪੋਰਟਾਂ ਤੇ ਰਿਟਰਨਾ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 26-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਮਿਤੀ 05-11-2019 ਦੋਰਾਨ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਨਾ ਹਾਜ਼ਰ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਮਰਜੀਤ ਸਿੰਘ, ਸੁਪਰਡੰਟ ਅਤੇ ਦਲਬੀਰ ਸਿੰਘ ਕਲਰਕ ਹਾਜ਼ਰ ਹੋਏ। ਉਨ੍ਹਾਂ ਵਲੋਂ ਪੱਤਰ ਮੀਮੋ ਨੰ: ਰਫਸ/ਅਪੀਲ ਨੰ: 3613-14/2019/4102 ਮਿਤੀ 04-11-2019 ਪੇਸ਼ ਕੀਤਾ ਗਿਆ ਜੋ ਸ੍ਰੀ ਗੁਰਦੀਪ ਸਿੰਘ, ਅਪੀਲਕਰਤਾ ਨੂੰ ਸੰਬੋਧਤ ਸੀ ਅਤੇ ਕਾਪੀ ਕਮਿਸ਼ਨ ਨੂੰ ਕੀਤੀ ਗਈ ਸੀ। ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉੱਤਰਦਾਤਾ ਵਲੋਂ ਦਿੱਤੀ ਗਈ ਸੂਚਨਾ ਵਿਚ ਪਾਈਆਂ ਤਰੁੱਟੀਆਂ ਸਬੰਧੀ ਪੱਤਰ ਉੱਤਰਦਾਤਾ ਨੂੰ ਸਿੱਧੇ ਤੌਰ ਤੇ ਰਜਿਸਟਰਡ ਡਾਕ ਰਾਹੀਂ ਭੇਜਿਆ ਜਾਵੇ ਅਤੇ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵਲੋਂ ਦਸੀਆਂ ਗਈਆਂ ਤਰੁੱਟੀਆਂ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਦੂਰ ਕਰਦੇ ਹੋਏ ਅਪੀਲਕਰਤਾ ਨੂੰ ਸੂਚਿਤ ਕੀਤਾ ਜਾਵੇ ਅਤੇ ਕਮਿਸ਼ਨ ਨੂੰ ਕਾਪੀ ਭੇਜੀ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 26-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ. ਮਿਤੀ 26-11-2019 , 11-54 ਵਜੇ ਸਵੇਰੇ ਭੇਜੀ ਗਈ। ਜਿਸ ਰਾਹੀਂ ਉਸ ਵਲੋਂ ਕੋਈ ਤਰੁੱਟੀ ਨਹੀਂ ਦਸੀ ਗਈ ਕੇਵਲ ਆਪਣੀ ਤਕਲੀਫ ਦੇ ਨਾਲ ਨਾਲ ਦਸਿਆ ਗਿਆ ਹੈ ਕਿ ਉਨ੍ਹਾਂ ਨੂੰ ਉੱਤਰਦਾਤਾ ਦੇ ਪੱਤਰ ਮਿਤੀ 04-11-2019 ਰਾਹੀਂ ਜੋ ਸੂਚਨਾ ਪ੍ਰਾਪਤ ਹੋਈ ਹੈ ਉਸ ਤੋਂ ਇਲਾਵਾ ਹੋਰ ਕੋਈ ਸੂਚਨਾ ਨਹੀਂ ਮਿਲੀ ਅਤੇ ਜੋ ਉੱਤਰ ਦਿੱਤਾ ਹੈ ਉਹ ਐਫੀਡੈਵਿਟ ਜੋ ਨੋਟਰੀ ਦਾ ਅਟੈਸਟ ਹੋਵੇ ਰਾਹੀਂ ਦੇਣ ਦੀ ਖੇਚਲ ਕਰਨ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਮਰਜੀਤ ਸਿੰਘ, ਸੁਪਰਡੰਟ ਅਤੇ ਦਲਬੀਰ ਸਿੰਘ ਕਲਰਕ ਹਾਜ਼ਰ ਹੋਏ। ਉਨ੍ਹਾਂ ਵਲੋਂ ਪੱਤਰ ਮੀਮੋ ਨੰ: ਰਫ5/ ਸਪੈਸ਼ਲ -। ਮਿਤੀ 26-11-2019 ਪੇਸ਼ ਕੀਤਾ ਗਿਆ ਜੋ ਕਮਿਸ਼ਨ ਨੂੰ ਸਬੋਧਤ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ।ਉਸ ਵਲੋਂ ਈ.ਮੇਲ. ਪ੍ਰਾਪਤ ਹੋਈ ਜਿਸ ਰਾਹੀਂ ਉਸ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 3614/2019

ਵਲੋਂ ਉੱਤਰਦਾਤਾ ਦੇ ਪੱਤਰ ਮਿਤੀ 04-11-2019 ਦੀ ਪ੍ਰਾਪਤੀ ਦੀ ਪੁਸ਼ਟੀ ਕੀਤੀ ਗਈ ਹੈ, ਜ਼ੋ ਉੱਤਰਦਾਤਾ ਦੇ ਨੁਮਾਇੰਦਿਆਂ ਵਲੋਂ ਪੱਤਰ ਮੀਮੋ ਨੰ: ਰਫਸ/ਅਪੀਲ ਨੰ: 3613-14/2019/4102 ਮਿਤੀ 04-11-2019 ਪੇਸ਼ ਕੀਤਾ ਗਿਆ ਸੀ ਜਿਸ ਅਨੁਸਾਰ ਅਪੀਲਕਰਤਾ ਨੂੰ ਸੂਚਨਾ ਭੇਜੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦਿਆਂ ਵਲੋਂ ਪੱਤਰ ਮੀਮੋ ਨੰ: ਰਫ5/ ਸਪੈਸ਼ਲ -। ਮਿਤੀ 26-11-2019 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸਬੋਧਤ ਹੈ ਰਾਹੀ਼ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਕੋਈ ਤਰੁੱਟੀਆਂ ਪ੍ਰਾਪਤ ਨਹੀ਼ ਹੋਈਆਂ। ਕਮਿਸ਼ਨ ਨੂੰ ਵੀ ਅਪੀਲਕਰਤਾ ਵਲੋਂ ਪ੍ਰਾਪਤ ਉੱਤਰ ਦੇ ਸਬੰਧ ਵਿਚ ਕੋਈ ਤਰੁੱਟੀਆਂ ਨਹੀਂ ਭੇਜੀ ਆਂ ਗਈਆਂ ਕੇਵਲ ਉਕਤੱ ਈ.ਮੇਲ ਰਾਹੀਂ ਦਿੱਤੀ ਗਈ ਸੂਚਨਾ ਦੇ ਸਬੰਧ ਵਿਚ ਐਫਿਡੈਵਟ ਦੀ ਮੰਗ ਕੀਤੀ ਗਈ ਹੈ। ਇਹ ਤਰੁੱਟੀਆਂ ਵਿਚ ਸ਼ਾਮਲ ਨਹੀਂ ਹੁੰਦਾ। ਇਸ ਲਈ ਕਮਿਸ਼ਨ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਤੋਂ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 26 **ਨਵੰਬਰ** , 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਐਸ.ਪੀ. ਗੋਇਲ (9820239110)
2- ਸੀ, ਸਰਾਬਾ ਨਗਰ ,ਨਵ ਦੁਰਗਾ
ਮੰਦਰ/ ਗੁਰੂਦਵਾਰਾ ਰੋਡ, ਲੁਧਿਆਣਾ । ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਜਾਬ ਸਮਾਲ ਸਕੇਲ ਇੰਡਸਟਰੀਜ ਐਂਡ ਐਕਸਪੋਰਟ
ਕਾਰਪੋਰੇਸ਼ਨ ਲਿਮਿਟਿਡ ਸੈਕਟਰ 17,ਚੰਡੀਗੜ੍ਹ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 610/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ

**ਹੁੱਕਮ:**

ਪਿਛਲੀ ਪੇਸ਼ੀ ਦੀ ਮਿਤੀ ਮਿਤੀ 05/11/2019 ਨੂੰ ਸ਼ਿਕਾਇਤਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ, ਪਰ ਉਸ ਵਲੋਂ ਪ੍ਰਾਪਤ ਹੋਏ ਉੱਤਰ ਤੇ ਪਾਈਆਂ ਗਈਆਂ ਤਰੁੱਟੀਆਂ ਸਬੰਧੀ ਈ.ਮੇਲ. ਮਿਤੀ 03-11-2019 ਨੂੰ ਕਮਿਸ਼ਨ ਨੂੰ ਭੇਜੀ ਗਈ ਹੈ ਅਤੇ ਉੱਤਰਦਾਤਾ ਨੂੰ ਕੋਈ ਕਾਪੀ ਨਹੀਂ ਭੇਜੀ ਗਈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ ਅਤੇ ਇਕ ਕਾਪੀ ਉੱਤਰਦਾਤਾ ਨੂੰ ਦੇ ਦਿੱਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਸੁਰੇਸ਼ ਕੁਮਾਰ, ਐਸ.ਓ. ਅਤੇ ਸ੍ਰੀ ਮੁਕੇਸ਼ ਕੁਮਾਰ ਜੂਨੀਅਰ ਅਗਜੈਕਟਿਵ ਪੇਸ਼ ਹੋਏ। ਉਨ੍ਹਾਂ ਵਲੋਂ ਦਸਿਆ ਗਿਆ ਕਿ ਉਨ੍ਹਾਂ ਨੂੰ ਸਿੱਧੇ ਤੌਰ ਤੇ ਸ਼ਿਕਾਇਤਕਰਤਾ ਵਲੋਂ ਕੋਈ ਤਰੁੱਟੀਆਂ ਨਹੀਂ ਭੇਜੀਆਂ ਗਈਆਂ। ਅੱਜ ਪੇਸ਼ੀ ਦੋਰਾਨ ਸ਼ਿਕਾਇਤਕਰਤਾ ਵਲੋਂ ਪ੍ਰਾਪਤ ਤਰੁੱਟੀਆਂ ਸਬੰਧੀ ਪੱਤਰ ਉੱਤਰਦਾਤਾ ਨੂੰ ਦੇ ਦਿੱਤਾ ਗਿਆ ਹੈ। ਉੱਤਰਦਾਤਾ ਵਲੋਂ ਪ੍ਰਾਪਤ ਤਰੁੱਟੀਆਂ ਨੂੰ ਦੂਰ ਕਰਨ ਲਈ ਸਮੇ ਦੀ ਮੰਗ ਕੀਤੀ ਗਈ। ਇਸ ਲਈ ਉੱਤਰਦਾਤਾ ਦੀ ਮੰਗ ਨੂੰ ਪ੍ਰਵਾਨ ਕਰਦੇ ਹੋਏ ਇਹ ਸ਼ਿਕਾਇਤ ਕੇਸ ਅਗਲੀ ਸੁਣਵਾਈ ਮਿਤੀ 26-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।

2. ਸ਼ਿਕਾਇਤਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ ਮਿਤੀ 21-11-2019 ਰਾਹੀਂ ਪ੍ਰਾਪਤ ਹੋਈ ਸੂਚਨਾ ਵਿਚ ਪਾਈਆਂ ਗਈਆਂ ਤਰੁੱਟੀਆਂ ਸਬੰਧੀ ਸਮੂਹ ਧਿਰਾਂ ਦੇ ਨਾਲ ਨਾਲ ਕਮਿਸ਼ਨ ਨੂੰ ਵੀ ਲਿਖਿਆ ਗਿਆ ਹੈ। ਜਿਸ ਸਬੰਧੀ ਤਰੁੱਟੀਆਂ ਦਾ ਪੱਤਰ ਮਿਤੀ 21-11-2019 ਮਿਤੀ 22-11-2019 ਨੂੰ ਪ੍ਰਾਪਤ ਹੋ ਚੁੱਕਾ ਹੈ ਜ਼ੋ ਮਿਸਲ ਤੇ ਉਪਲਭਧ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ ਹਾਜ਼ਰ ਨਹੀਂ ਹੋਇਆ। ਪਰ ਉਨ੍ਹਾਂ ਵਲੋਂ ਆਪਣੇ ਪੱਤਰ ਨੰ: ਪੀ.ਐਸ.ਆਈ.ਈ.ਸੀ./ਆਰ.ਟੀ.ਆਈ./ਪੀ.ਆਈ.ਓ./36900 ਮਿਤੀ 25-11-2019 ਰਾਹੀਂ ਦਸਿਆ ਗਿਆ ਕਿ ਸ਼ਿਕਾਇਕਰਤਾ ਨੂੰ ਪੱਤਰ ਨੰ: ਪੀ.ਐਸ.ਆਈ.ਈ.ਸੀ./ਈ.ਓ./698 ਮਿਤੀ 22-11-2019 ਅਨੁਸਾਰ ਭੇਜ਼ ਦਿੱਤੀ ਗਈ ਹੈ। ਪੱਤਰ ਮਿਸਲ ਤੇ ਉਪਲਭਧ ਹੈ।

4. ਦੋਨਾਂ ਧਿਰਾਂ ਵਲੋ ਉਕਤ ਅਨੁਸਾਰ ਆਪਣੇ ਆਪਣੇ ਪੱਤਰਾਂ ਰਾਹੀਂ ਦਸੀ ਗਈ ਸਥਿਤੀ ਦੇ ਸਨਮੁੱਖ ਸਿਕਾਇਤਕਰਤਾ ਵਲੋਂ ਉੱਤਰਦਾਤਾ ਨੂੰ ਤਰੁੱਟੀਆਂ ਭੇਜੀਆਂ ਗਈਆਂ ਹਨ । ਇਸ ਦੇ ਨਾਲ ਹੀ ਉੱਤਰਦਾਤਾ ਵਲੋਂ ਵੀ ਆਪਣੇ ਪੱਤਰ ਮਿਤੀ 22-11-2019 ਰਾਹੀਂ ਸ਼ਿਕਾਇਤਕਰਤਾ ਨੂੰ ਸੂਚਨਾ ਭੇਜ਼ ਦਿੱਤੀ ਗਈ ਹੈ। ਪਰ ਸ਼ਿਕਾਇਤਕਰਤਾ ਦੇ ਉਕਤ ਪੱਤਰ ਮਿਤੀ 21-11-2019 ਰਾਹੀਂ ਭੇਜੀਆਂ ਤਰੁੱਟੀਆਂ ਸਬੰਧੀ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਵਲੋਂ ਪ੍ਰਾਪਤ ਤਰੁੱਟੀਆਂ ਦੂਰ ਕਰਦੇ ਹੋਏ ਸ਼ਿਕਾਇਤਕਰਤਾ ਨੂੰ ਸਿੱਧੇ ਤੌਰ ਤੇ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ **ਸੁਣਵਾਈ ਲਈ ਮਿਤੀ 18-12-2019 ਨੂੰ ਸਵੇਰੇ 11:30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 26 ਨਵੰਬਰ , 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਹਰਧੀਰ ਸਿੰਘ 9216165508
ਮਕਾਨ ਨੰ: 508 ਫੇਸ 9 ਮੁਹਾਲੀ । ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਰਿਜਨਲ ਟਰਾਂਸਪੋਰਟ ਅਥਾਰਟੀ, ਜੰਲਧਰ।

ਪਹਿਲੀ ਅਪੀਲੀ ਅਥਾਰਟੀ,
ਪੰਜਾਬ ਸਟੇਟ ਟਰਾਂਸਪੋਰਟ ਕਮਿਸ਼ਨਰ ਸੈਕਟਰ 17 ਚੰਡੀਗੜ। -------ਉੱਤਰਦਾਤਾ

**ਅਪੀਲ ਕੇਸ ਨੰ: 3600/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀ਼ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜਤਿੰਦਰ ਸਿੰਘ, ਡਾਟਾ ਐਂਟਰੀ ਓਪਰੇਟਰ (87290-61666)।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-06-2019, ਲੋਕ ਸੂਚਨਾ ਅਧਿਕਾਰੀ ਰਿਜਨਲ ਟਰਾਂਸਪੋਰਟ ਅਥਾਰਟੀ, ਜੰਲਧਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੱਤਰ ਨੰ: 6/4/07-1ਅ1/895 ਮਿਤੀ 16-01-2019 ਦੇ ਇਵਜ਼ ਵਿਚ ਸਰਬਜੀਤ ਸਿੰਘ ਮਿਨਹਾਸ ਵਲੋ 09-03-2019 ਨੂੰ ਰਜਿਸਟਰ ਪੱਤਰ ਭੇਜਿਆ ਸੀ ਇਸ ਪੱਤਰ ਸਬੰਧੀ ਕਾਰਵਾਈ ਕਰਨ ਲਈ ਸ੍ਰੀ ਕੁਲਦੀਪ ਸਿੰਘ ਅਤੇ ਸ੍ਰੀ ਲੱਛਮਣ ਸਿੰਘ ਸੁਪਰਡੰਟ ਵਲੋਂ ਕੀਤੀ ਗਈ ਨੋਟਿੰਗ ਦੀ ਕਾਪੀ ਅਤੇ ਡਾਇਰੈਕਟਰ ਸਾਹਿਬ ਵਲੋਂ ਕੀਤੇ ਹੁਕੱਮਾਂ ਦੇ ਨਾਲ ਨਾਲ ਹੋਰ ਕਰਮਚਾਰੀਆਂ ਨਾਲ ਸਬੰਧਤ 13 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 25-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।ਇਸ ਉਪਰੰਤ ਇਹ ਕੇਸ ਮੁਲਤਬੀ ਕਰਕੇ ਅਗਲੀ ਮਿਤੀ 07-11-2019 ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਦੀ ਮਿਤੀ 07-11-2019 ਤੇ ਅਪੀਲਕਰਤਾ ਸ੍ਰੀ ਹਰਧੀਰ ਸਿੰਘ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵਲੋਂ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਸੀ। ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਾ ਹਾਜ਼ਰ ਹੋਣਾ ਬਣਦਾ ਸੀ ਪਰ ਉਹ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਗਈ । ਇਸ ਲਈ ਉੱਤਰਦਾਤਾ ਅਗਲੀ ਨਿਸਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਪੱਖ ਪੇਸ਼ ਕਰੇ ਕਿ ਉਹ ਤਾਰੀਖ ਤੇ ਹਾਜ਼ਰ ਕਿਉਂ ਨਹੀਂ ਹੋਇਆ ਅਤੇ ਅਪੀਲਕਰਤਾ ਨੂੰ ਅੱਜੇ ਤੱਕ ਸੂਚਨਾ ਮੁਹੱਈਆ ਕਿਉਂ ਨਹੀਂ ਕਰਵਾਈ ਗਈ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 26-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ_ਕੀਤਾ ਗਿਆ ਸੀ।

3. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀ਼ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ

ਪਰਤੋ ਜੀ ------ਚਲਦਾ ਪੰਨਾ /2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 3600/2019

ਹੋਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜਤਿੰਦਰ ਸਿੰਘ, ਡਾਟਾ ਐਂਟਰੀ ਓਪਰੇਟਰ ਹਾਜ਼ਰ ਹੋਇਆ ਉਸ ਵਲੋਂ ਪੱਤਰ ਨੰ: 8707 /ਆਰ.ਟੀ.ਏ.ਜਲੰਧਰ, ਮਿਤੀ 25-11-2019 ਪੇਸ਼ ਕੀਤਾ ਗਿਆ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਅੱਜ ਅਪੀਲਕਰਤਾ ਹਾਜ਼ਰ ਨਹੀਂ ਹੋਇਆ। ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦੇ ਵਲੋਂ ਉਕੱਤ ਪੱਤਰ ਮਿਤੀ 25-11-2019 ਪੇਸ਼ ਕੀਤਾ ਗਿਆ ਜਿਸ ਰਾਹੀਂ ਉਨ੍ਹਾਂ ਵਲੋਂ ਦਸਿਆ ਗਿਆ ਕਿ ਉਹ ਮਿਤੀ 06-11-2019 ਨੂੰ ਹਾਜ਼ਰ ਹੋਏ ਸਨ ਪਰ ਆਰਡਰ ਪ੍ਰਾਪਤ ਨਹੀਂ ਹੋਏ। ਇਸ ਤੋਂ ਇਲਾਵਾ 26-11-2019 ਸਬੰਧੀ ਨੋਟਿਸ ਮਿਤੀ 25-11-2019 ਨੂੰ ਹੀ ਪ੍ਰਾਪਤ ਹੋਇਆ ਹੈ। ਇਸ ਲਈ ਬੇਨਤੀ ਕੀਤੀ ਗਈ ਹੈ ਕਿ ਅਗਲੀ ਮਿਤੀ ਦਿੱਤੀ ਜਾਵੇ। ਉੱਤਰਦਾਤਾ ਦੀ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ ਇਹ ਕੇਸ ਅਗਲੀ **ਸੁਣਵਾਈ ਲਈ ਮਿਤੀ 18-12-2019 ਨੂੰ ਸਵੇਰੇ 11:30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 26 **ਨਵੰਬਰ** , 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**